# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 17-07-2024**

ਪੰਜਾਬ ਦੇ ਟਰੈਫਿਕ ਤੇ ਸੜਕ ਸੁਰੱਖਿਆ ਬਾਰੇ ਵਧੀਕ ਡਾਇਰੈਕਟਰ ਜਨਰਲ ਪੁਲਿਸ ਅਮਰਦੀਪ ਸਿੰਘ ਰਾਏ ਨੇ ਕਿਹਾ ਏ ਕਿ ਸੜਕ ਹਾਦਸਿਆਂ ਦਾ ਮੁੱਖ ਕਾਰਨ ਸ਼ਰਾਬ ਪੀ ਕੇ ਵਾਹਨ ਚਲਾਉਣ ਵਾਲਿਆਂ ਨੂੰ ਨੱਥ ਪਾਉਣ ਲਈ ਪੰਜਾਬ ਪੁਲਿਸ ਕੌਮੀ ਤੇ ਰਾਜ ਮਾਰਗਾਂ 'ਤੇ ਵਿਸ਼ੇਸ਼ ਸੁਰੱਖਿਆ ਨਾਕੇ ਸਥਾਪਤ ਕਰੇਗੀ । ਲੁਧਿਆਣਾ ਵਿਚ ਟ੍ਰੈਫਿਕ ਐਸ.ਪੀਜ਼, ਡੀ.ਐਸ.ਪੀਜ਼ ਅਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਤੋਂ ਬਾਅਦ ਉਨਾਂ ਦੱਸਿਆ ਕਿ ਪੁਲਿਸ ਨੇ 800 ਨਵੇਂ ਐਲਕੋਮੀਟਰ ਆਰਡਰ ਕੀਤੇ ਨੇ ਜਿਹੜੇ ਕਿ ਸਾਰੇ ਜ਼ਿਲ੍ਹਿਆਂ ਵਿੱਚ ਵੰਡੇ ਜਾਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼ਰਾਬ ਪੀ ਕੇ ਗੱਡੀ ਚਲਾਉਣਾ ਸੜਕ ਹਾਦਸਿਆਂ ਦਾ ਇੱਕ ਵੱਡਾ ਕਾਰਨ ਏ ਅਤੇ ਸ਼ਰਾਬ ਪੀ ਕੇ ਗੱਡੀ ਚਲਾਉਣ ਵਾਲੇ ਵਿਅਕਤੀਆਂ ਖ਼ਿਲਾਫ਼ ਪੁਲਿਸ ਸਖ਼ਤ ਕਾਰਵਾਈ ਕਰੇਗੀ । ਅਮਰਦੀਪ

ਸਿੰਘ ਰਾਏ ਨੇ ਕਿਹਾ ਕਿ ਡੀ.ਜੀ.ਪੀ. ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਪੁਲਿਸ ਵੱਲੋਂ ਤੇਜ਼ ਰਫਤਾਰ ਅਤੇ ਲਾਪਰਵਾਹੀ ਵਰਤਣ ਵਾਲੇ ਚਾਲਕਾਂ ਨਾਲ ਨਜਿੱਠਣ ਲਈ 27 ਹਾਈਟੈਕ ਇੰਟਰਸੈਪਟਰ ਵਾਹਨ ਵੀ ਖਰੀਦੇ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਅਵਾਰਾ ਪਸ਼ੂਆਂ ਕਾਰਨ ਹੋਣ ਵਾਲੇ ਸੜਕ ਹਾਦਸਿਆਂ ਕਾਰਨ ਹਰ ਸਾਲ ਕੋਈ 350 ਮੌਤਾਂ ਹੁੰਦੀਆਂ ਨੇ ਅਤੇ ਇਸ ਮੁੱਦੇ ਨੂੰ ਹੱਲ ਕਰਨ ਲਈ ਵੱਖ-ਵੱਖ ਵਿਭਾਗ ਸਰਗਰਮੀ ਨਾਲ ਕੰਮ ਕਰ ਰਹੇ ਨੇ।

---

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ । ਮੋਹਾਲੀ ਸਥਿਤ Dr. ਬੀ. ਆਰ. ਅੰਬੇਡਕਰ ਸਟੇਟ ਇੰਸਟੀਟਿਊਟ ਆਫ਼ ਮੈਡੀਕਲ ਸਾਇੰਸਿਜ਼ ਦੇ ਪ੍ਰਿੰਸੀਪਲ ਡਾਇਰੈਕਟਰ ਡਾ. ਭਵਨੀਤ ਭਾਰਤੀ ਨੇ, NEET ਪ੍ਰੀਖਿਆਵਾਂ ਲਈ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ।

**BYTE -**

---------------------------------------------------------

ਸਰਵਹਿੱਤਕਾਰੀ ਸਿੱਖਿਆ ਕਮੇਟੀ ਦੇ ਜਲੰਧਰ ਹੈਡਕਵਾਰਟਰ ਵਿਦਿਆ ਧਾਮ ਵਿਖੇ ਵਿਦਿਆ ਭਾਰਤੀ ਪੰਜਾਬ ਦੇ ਸੰਪਰਕ ਵਿਭਾਗ ਵੱਲੋਂ ਨਾਗਰਿਕ ਫਰਜ਼ - ਅੱਜ ਦਾ ਯੁਗਧਰਮ' ਵਿਸ਼ੇ 'ਤੇ 'ਇੱਕ ਸੈਮੀਨਾਰ ਵਿਦਿਆ ਭਾਰਤੀ ਉੱਤਰੀ ਖੇਤਰ ਦੇ ਸੰਗਠਨ ਮੰਤਰੀ ਅਤੇ ਸਿੱਖਿਆ ਖੇਤਰ ਦੇ ਮੂਲ ਚਿੰਤਕ ਵਿਜੇ ਨੱਡਾ ਦੀ ਅਗਵਾਈ ਵਿਚ ਕਰਵਾਇਆ ਗਿਆ। ਇਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਨੂੰ ਮਨ, ਵਚਨ ਅਤੇ ਕਰਮ ਨਾਲ ਮੰਨਣਾ ਅਤੇ ਇਸ ਦੀ ਪਾਲਣਾ ਕਰਨਾ ਸਾਡਾ ਸਾਰਿਆਂ ਦਾ ਮੁੱਢਲਾ ਫਰਜ਼ ਏ। ਉਨਾਂ ਕਿਹਾ ਕਿ ਸਾਡਾ ਸੰਵਿਧਾਨ ਸਾਡੇ ਲਈ ਗੀਤਾ, ਗੁਰਵਾਣੀ ਤੇ ਬਾਈਬਲ ਏ ਅਤੇ ਸਾਨੂੰ ਕਿਸੇ ਕਾਨੂੰਨ ਦੇ ਡਰ ਤੋਂ ਨਹੀਂ ਸਗੋਂ ਆਪਣੀ ਪ੍ਰੇਰਨਾ ਨਾਲ ਸੰਵਿਧਾਨ ਦੀ ਪਾਲਣਾ ਕਰਨੀ ਚਾਹੀਦੀ ਏ। ਵਿਜੇ ਨੱਡਾ ਨੇ ਕਿਹਾ ਕਿ ਸੰਵਿਧਾਨ ਵਿੱਚ ਦਿੱਤੇ ਗਏ 11 ਨਾਗਰਿਕ ਫਰਜ਼ਾਂ ਦੀ ਪਾਲਣਾ ਕਰਨਾ ਵੀ ਅੱਜ ਦਾ ਧਰਮ ਏ। ਇਸ ਤੋਂ ਪਹਿਲਾਂ ਹਰਿਆਣਾ ਪੁਲਿਸ ਦੇ ਸਾਬਕਾ ਇੰਸਪੈਕਟਰ ਜਨਰਲ ਅਤੇ ਇਸ ਸਿੰਪੋਜ਼ੀਅਮ ਦੇ ਚੇਅਰਮੈਨ ਡਾ.ਆਰ.ਪੀ.ਸਿੰਘ ਨੇ ਵਿਦਿਆ

ਭਾਰਤੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਵਿਦਿਆ ਭਾਰਤੀ ਇਕ ਅਖਿਲ ਭਾਰਤੀ ਵਿਦਿਅਕ ਸੰਸਥਾ ਏ ਜਿਸ ਦੇ ਵਿਦਿਆ ਮੰਦਰਾਂ ਵਿਚ ਉੱਚ ਗੁਣਵੱਤਾ ਵਾਲੀ ਸਿੱਖਿਆ ਦੇ ਨਾਲ-ਨਾਲ ਦੇਸ਼ ਭਗਤੀ ਦੀਆਂ ਕਦਰਾਂ-ਕੀਮਤਾਂ ਵੀ ਸ਼ਾਮਲ ਨੇ। ਉਨਾਂ ਕਿਹਾ ਕਿ ਵਿਦਿਆ ਭਾਰਤੀ ਦੇ ਵਿਦਿਆਰਥੀ ਜੀਵਨ ਦੇ ਵੱਖ-ਵੱਖ ਖੇਤਰਾਂ ਵਿੱਚ ਸਫਲਤਾ ਦੇ ਝੰਡੇ ਗੱਡ ਰਹੇ ਨੇ।

-------------------------------------------------------------

ਕੇਂਦਰ ਸਰਕਾਰ ਵਲੋਂ ਲੰਬੀ ਚਰਚਾ ਮਗਰੋਂ ਤਿਆਰ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ। ਬਠਿੰਡਾ ਤੋਂ LAW ਅਸ੍ਪਿਰੇਂਟ ਅਮਨ ਪ੍ਰੀਤ ਕੌਰ ਦਾ ਕਹਿਣਾ ਏ ਕਿ ਇਹਨਾਂ ਕਨੂੰਨਾ ਦਾ ਆਮ ਨਾਗਰਿਕਾਂ ਨੂੰ ਬੇਹਦ ਫਾਇਦਾ ਹੋਏਗਾ।

BYTE _

-------------------------------------------------------------

ਭਾਰਤ ਪਾਕਿਸਤਾਨ ਸਰਹੱਦ ਉੱਤੇ ਲੱਗੀ ਕੰਡਿਆਲੀ ਤਾਰ ਤੋਂ ਪਾਰ ਖੇਤੀ ਕਰਦੇ ਕਿਸਾਨਾਂ ਅਤੇ ਉਥੇ ਦਿਨ ਰਾਤ ਡਿਊਟੀ ਕਰਦੇ ਬੀ ਐਸ ਐਫ ਜਵਾਨਾਂ ਦੀ ਸਹੂਲਤ ਲਈ ਜਿਲਾ ਪ੍ਰਸ਼ਾਸਨ ਵੱਲੋਂ ਕਮਿਊਨਿਟੀ ਸੈਂਟਰ ਕੰਪਲੈਕਸ ਤਿਆਰ ਕਰਵਾਏ ਜਾ ਰਹੇ ਨੇ। ਅੰਮ੍ਰਿਤਸਰ ਜ਼ਿਲੇ ਦੇ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਹੁਣ ਤੱਕ ਹੋਏ ਇਨਾਂ ਦੇ ਕੰਮ ਦਾ ਕਲ ਡੂੰਘਿਆਈ ਨਾਲ ਜਾਇਜ਼ਾ ਲਿਆ। ਉਨਾਂ ਦੱਸਿਆ ਕਿ ਅਜਨਾਲਾ ਸਰਹੱਦੀ ਪੱਟੀ ਵਿੱਚ ਅਜਿਹੇ 18 ਕਮਿਊਨਿਟੀ ਕੰਪਲੈਕਸ ਬਣਾਏ ਜਾਣੇ ਨੇ ਜਿਨਾਂ ਵਿੱਚੋਂ 17 ਦਾ ਕੰਮ ਪੂਰਾ ਹੋ ਚੁੱਕਾ ਏ। ਇਸ ਤੋਂ ਇਲਾਵਾ ਬੀ ਐਸ ਐਫ ਦੀਆਂ ਸਰਹੱਦ ਤੇ ਸਥਿਤ 15 ਪੋਸਟਾਂ ਨੂੰ ਪੱਕੇ ਰਾਹ ਬਣਾ ਕੇ ਦਿੱਤੇ ਜਾ ਰਹੇ ਨੇ, ਜਿਨਾਂ ਵਿੱਚ ਪੰਚਾਇਤ ਅਤੇ ਲੋਕ ਨਿਰਮਾਣ ਵਿਭਾਗ ਮਿਲ ਕੇ ਕੰਮ ਕਰ ਰਿਹਾ ਏ।